27-Nov-FZR-ABH-Pages.qxd 11/27/2025 10:00 PM Page 2

ਸ੍ਰੀ ਹਰਿਮੰਦਰ ਸਾਹਿਬ ਅੰਮ੍ਰਿਤਸਰ ਤੋਂ ਗੁਰਬਾਣੀ ਕੀਰਤਨ

ਰੇਡੀਓ

ਰਾਹੀਂ ਸਿੱਧੇ ਪ੍ਰਸਾਰਿਤ ਹੁੰਦੇ ਕੀਰਤਨ ਵਿਚ 28 ਨਵੰਬਰ ਨੂੰ ਸ਼ਾਮ 4.00 ਤੋਂ 6.00 ਵਜੇ ਤੱਕ ਭਾਈ ਜਤਿੰਦਰਪਾਲ ਸਿੰਘ ਅਤੇ 29 ਨਵੰਬਰ ਨੂੰ ਸਵੇਰੇ 4.00 ਤੋਂ 6.00 ਵਜੇ ਤੱਕ ਭਾਈ ਜਗਤਾਰ ਸਿੰਘ ਰਾ 'ਆਸਾ ਦੀ ਵਾਰ' ਦਾ ਕੀਰਤਨ ਕਰਨਗੇ।

ਪੀ. ਟੀ. ਸੀ.

ਪੀ. ਟੀ. ਸੀ. ਪੰਜਾਬੀ ਰਾਹੀਂ ਸਿੱਧੇ ਪ੍ਰਸਾਰਿਤ ਹੁੰਦੇ ਪ੍ਰੋਗਰਾਮ ਵਿਚ 28 ਨਵੰਬਰ ਨੂੰ ਸ਼ਾਮ 4.30 ਤੋਂ 6.30 ਵਜੇ ਤੱਕ ਭਾਈ ਜਤਿੰਦਰਪਾਲ ਸਿੰਘ ਤੇ ਭਾਈ ਜੁਝਾਰ ਸਿੰਘ ਕੀਰਤਨ, ਪਾਠ 'ਰਹਿਰਾਸ ਸਾਹਿਬ' ਉਪਰੰਤ 'ਆਰਤੀ' ਭਾਈ ਤਜਿੰਦਰ ਸਿੰਘ ਤੇ 29 ਨਵੰਬਰ ਨੂੰ ਸਵੇਰੇ 3.55 ਵਜੇ ਤੋਂ 7.45 ਵਜੇ ਤੱਕ ਭਾਈ ਜਗਤਾਰ ਸਿੰਘ ਰਾ ਤੇ ਭਾਈ ਨਵਨੀਤ ਸਿੰਘ ਕੀਰਤਨ ਕਰਨਗੇ।

ਐਸ. ਜੀ. ਪੀ. ਸੀ. ਵੈੱਬ ਚੈਨਲ 'ਤੇ ਸਵੇਰੇ 3.55 ਵਜੇ ਤੋਂ 8.30 ਵਜੇ ਤੱਕ, ਦੁਪਹਿਰ 12.30 ਵਜੇ ਤੋਂ 2.20 ਵਜੇ ਤੱਕ ਅਤੇ ਸ਼ਾਮ 6.00 ਵਜੇ ਤੋਂ 8.00 ਵਜੇ ਤੱਕ ਸਿੱਧਾ ਪ੍ਰਸਾਰਨ ਹੁੰਦਾ ਹੈ। ਐਸ. ਜੀ. ਪੀ. ਸੀ. ਦੇ ਮੋਬਾਈਲ ਐਪ ਤੋਂ ਅੰਮ੍ਰਿਤ ਵੇਲੇ ਤੋਂ ਸੁਖ ਆਸਨ ਤੱਕ ਦਾ ਪੂਰਾ ਸਮਾਗਮ ਸੁਣਿਆ ਜਾ ਸਕਦਾ ਹੈ।

ਮੁੱਖ ਵਾਕ ਦੀ ਕਥਾ : 28 ਨਵੰਬਰ ਨੂੰ ਭਾਈ ਸਾਹਿਬ ਭਾਈ ਹਰਪਾਲ ਸਿੰਘ ਮੁੱਖ ਗ੍ਰੰਥੀ ਗੁ: ਸ੍ਰੀ ਫ਼ਤਹਿਗੜ੍ਹ ਸਾਹਿਬ ਤੇ 29 ਨਵੰਬਰ ਨੂੰ ਗਿਆਨੀ ਸੰਤੋਖ ਸਿੰਘ ਸੁਰਸਿੰਘ, ਗੁ: ਮੰਜੀ ਸਾਹਿਬ ਦੀਵਾਨ ਹਾਲ ਸ੍ਰੀ ਹਰਿਮੰਦਰ ਸਾਹਿਬ ਸਮੂਹ ਵਿਖੇ ਸਵੇਰੇ 7.45 ਵਜੇ ਤੋਂ 8.30 ਵਜੇ ਤੱਕ ਮੁੱਖ ਵਾਕ ਦੀ ਕਥਾ ਕਰਨਗੇ।

ਸਰਹੱਦੀ ਖੇਤਰ ਦੇ ਨੌਜਵਾਨ ਹੁਣ ਕਰਨਗੇ ਭਾਰਤੀ ਸਰਹੱਦਾਂ ਦੀ ਰਾਖੀ

ਫ਼ਿਰੋਜ਼ਪੁਰ, 27 ਨਵੰਬਰ (ਗੁਰਿੰਦਰ ਸਿੰਘ)-ਸਰਹੱਦ ਨਾਲ ਲੱਗਦੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਗੱਟੀ ਰਾਜੋ ਕੇ ਦੇ ਅੱਠ ਵਿਦਿਆਰਥੀਆਂ ਨੇ ਭਾਰਤੀ ਫ਼ੌਜ ਦੀ

ਗੱਟੀ ਰਾਜੋ ਕੇ ਸਕੂਲ ਦੇ 8 ਵਿਦਿਆਰਥੀਆਂ ਨੇ ਅਗਨੀਵੀਰ ਪ੍ਰੀਖਿਆ ਪਾਸ ਕਰਕੇ ਕੀਤਾ ਇਲਾਕੇ ਦਾ ਨਾਂਅ ਰੌਸ਼ਨ

ਅਗਨੀਵੀਰ ਪ੍ਰੀਖਿਆ ਦਾਅਵੇਦਾਰੀ ਨਾਲ ਪਾਸ ਕਰਦੇ ਹੋਏ 2025 ਦੇ ਲਿਖਤੀ ਅਤੇ ਫਿਜ਼ੀਕਲ ਟੈੱਸਟ ਵਿਚ ਸ਼ਾਨਦਾਰ ਪ੍ਰਦਰਸ਼ਨ ਕੀਤਾ ਹੈ। ਇਹਨਾਂ ਮਿਹਨਤੀ ਵਿਦਿਆਰਥੀਆਂ ਦੀ ਚੋਣ ਇੰਡੀਅਨ ਆਰਮੀ ਵਿਚ ਹੋਣਾ ਸਕੂਲ ਅਤੇ ਇਲਾਕੇ ਲਈ ਮਾਣ ਦੀ ਗੱਲ ਹੈ। ਸਕੂਲ ਇੰਚਾਰਜ ਤਜਿੰਦਰ ਸਿੰਘ ਨੇ ਦੱਸਿਆ ਕਿ ਚੁਣੇ ਗਏ ਵਿਦਿਆਰਥੀਆਂ ਨੇ ਐਨ.ਸੀ.ਸੀ. ਦੇ ਕਈ ਕੈਂਪਾਂ ਵਿਚ ਭਾਗ ਲਿਆ ਹੈ, ਜਿਸ ਨਾਲ ਉਨ੍ਹਾਂ ਨੂੰ ਲਿਖਤੀ, ਸਰੀਰਕ ਤਿਆਰੀ ਅਤੇ ਫ਼ੌਜੀ ਜੀਵਨ ਬਾਰੇ ਮਹੱਤਵਪੂਰਨ ਤਜਰਬਾ ਮਿਲਿਆ। ਉਨ੍ਹਾਂ ਦੀ ਲਗਨ ਅਤੇ ਸਖ਼ਤ ਮਿਹਨਤ ਹੀ ਸਫਲਤਾ ਦਾ ਮੁੱਖ ਕਾਰਨ ਹੈ। ਐਨ.ਸੀ.ਸੀ. ਦੇ ਗਾਈਡ ਅਧਿਆਪਕ ਲੈਫ਼ਟੀਨੈਂਟ ਪ੍ਰਿਤਪਾਲ ਸਿੰਘ ਨੇ ਦੱਸਿਆ ਕਿ 2020 ਵਿਚ ਐਨ.ਸੀ.ਸੀ. ਯੂਨਿਟ ਦੀ ਸ਼ੁਰੂਆਤ ਕੀਤੀ ਗਈ ਸੀ। ਇਸ ਦੇ ਸਕਾਰਾਤਮਿਕ ਨਤੀਜੇ ਵਜੋਂ ਪਿਛਲੇ ਕੁੱਝ ਸਾਲਾਂ ਵਿਚ 15 ਤੋਂ ਵੱਧ ਵਿਦਿਆਰਥੀ ਇੰਡੀਅਨ ਆਰਮੀ ਵਿਚ ਭਰਤੀ ਹੋ ਚੁੱਕੇ ਹਨ। ਡਾ. ਸਤਿੰਦਰ ਸਿੰਘ ਦੀ ਅਗਵਾਈ ਹੇਠ ਅੱਜ ਸਕੂਲ ਦੇ 53 ਵਿਦਿਆਰਥੀ ਐਨ.ਸੀ.ਸੀ. ਵਿਚ ਸਿਖਲਾਈ ਲੈ ਰਹੇ ਹਨ, ਜਿਨ੍ਹਾਂ ਲਈ ਰੋਸਟਰ ਅਨੁਸਾਰ ਵਿਸ਼ੇਸ਼ ਕਲਾਸਾਂ ਲੱਗਦੀਆਂ ਹਨ। ਸਰਹੱਦੀ ਸਕੂਲ ਦੇ ਵਿਦਿਆਰਥੀਆਂ ਦੀ ਇਸ ਉਪਲਬਧੀ 'ਤੇ ਸਹਾਇਕ ਕਮਿਸ਼ਨਰ ਫ਼ਿਰੋਜ਼ਪੁਰ ਗੁਰਦੇਵ ਸਿੰਘ ਧੰਮ ਨੇ ਵਿਦਿਆਰਥੀਆਂ ਨੂੰ ਸਨਮਾਨਿਤ ਕਰਦੇ ਹੋਏ ਦਿਲੋਂ ਮੁਬਾਰਕਬਾਦ ਦਿੱਤੀ। ਜ਼ਿਲ੍ਹਾ ਸਿੱਖਿਆ ਅਫ਼ਸਰ (ਸੈਕੰਡਰੀ) ਮੁਨੀਲਾ ਅਰੋੜਾ ਨੇ ਵੀ ਸਕੂਲ ਦੇ ਉਪਰਾਲਿਆਂ ਦੀ ਪ੍ਰਸ਼ੰਸਾ ਕਰਦਿਆਂ ਚੁਣੇ ਗਏ ਨੌਜਵਾਨਾਂ ਨੂੰ ਵਧਾਈ ਦਿੱਤੀ। ਡਾ. ਸਤਿੰਦਰ ਸਿੰਘ ਨੇ ਅਗਨੀਵੀਰ ਲਈ ਚੁਣੇ ਗਏ 8 ਵਿਦਿਆਰਥੀਆਂ ਮਨਦੀਪ ਸਿੰਘ, ਲਵਪ੍ਰੀਤ ਸਿੰਘ, ਅਜੇ ਕੁਮਾਰ, ਮਿੱਠਨ ਸਿੰਘ, ਮਨਦੀਪ ਸਿੰਘ, ਅਰਸ਼ਦੀਪ ਸਿੰਘ, ਜੁਗਰਾਜ ਸਿੰਘ ਅਤੇ ਸ਼ੇਰ ਸਿੰਘ ਨੂੰ ਵਧਾਈ ਦਿੰਦਿਆਂ ਕਿਹਾ ਕਿ ਇਹ ਸਿਰਫ਼ ਇਕ ਨੌਕਰੀ ਦੀ ਪ੍ਰਾਪਤੀ ਨਹੀਂ, ਸਗੋਂ ਆਰਥਿਕ ਤੌਰ 'ਤੇ ਕਮਜ਼ੋਰ ਪਰਿਵਾਰਾਂ ਲਈ ਜੀਵਨ ਬਦਲਣ ਦਾ ਸੁਨਹਿਰੀ ਮੌਕਾ ਹੈ। ਉਨ੍ਹਾਂ ਕਿਹਾ ਕਿ ਇਹ ਸਫਲਤਾ ਸਰਹੱਦੀ ਖੇਤਰ ਦੇ ਹੋਰ ਨੌਜਵਾਨਾਂ ਲਈ ਵੀ ਪ੍ਰੇਰਨਾ ਦਾ ਸਰੋਤ ਬਣੇਗੀ। ਇਸ ਮੌਕੇ ਐਨ.ਸੀ.ਸੀ. ਦੇ ਗਾਈਡ ਅਧਿਆਪਕ ਲੈਫ਼ਟੀਨੈਂਟ ਪ੍ਰਿਤਪਾਲ ਸਿੰਘ ਨੂੰ ਵੀ ਯੋਗ ਅਗਵਾਈ ਲਈ ਸਨਮਾਨਿਤ ਕੀਤਾ ਗਿਆ। ਇਸ ਮੌਕੇ ਸਕੂਲ ਅਧਿਆਪਕ ਵਿਸ਼ਾਲ ਗੁਪਤਾ, ਸੁਨੀਲ ਦੱਤ (ਰੈੱਡ ਕਰਾਸ ਸੁਸਾਇਟੀ) ਅਤੇ ਵਿਦਿਆਰਥੀਆਂ ਦੇ ਪਰਿਵਾਰਕ ਮੈਂਬਰ ਵੀ ਹਾਜ਼ਰ ਸਨ।

ਅਗਨੀਵੀਰ ਭਰਤੀ ਹੋਣ ਵਾਲੇ ਵਿਦਿਆਰਥੀਆਂ ਨੂੰ ਸਨਮਾਨਿਤ ਕਰਦੇ ਸਹਾਇਕ ਕਮਿਸ਼ਨਰ ਗੁਰਦੇਵ ਸਿੰਘ ਧੰਮ, ਜ਼ਿਲ੍ਹਾ ਸਿੱਖਿਆ ਅਫ਼ਸਰ ਮੁਨੀਲਾ ਅਰੋੜਾ, ਡਾ. ਸਤਿੰਦਰ ਸਿੰਘ ਤੇ ਹੋਰ। ਅਜੀਤ ਤਸਵੀਰ

ਸਰਕਾਰੀ ਹਾਈ ਸਕੂਲ ਮਨਸੂਰਦੇਵਾ ਦੀ ਵਿਦਿਆਰਥਣ ਨੂੰ ਪਹਿਲਾ ਸਥਾਨ ਪ੍ਰਾਪਤ ਕਰਨ 'ਤੇ ਸਨਮਾਨਿਤ ਕਰਦੇ ਹੋਏ ਭਾਸ਼ਾ ਵਿਭਾਗ ਦੇ ਅਧਿਕਾਰੀ। ਤਸਵੀਰ-ਹਰਜੀਤ ਸਿੰਘ ਗਿੱਲ

ਰਾਜ ਪੱਧਰੀ ਪ੍ਰਸ਼ਨੋਤਰੀ ਮੁਕਾਬਲੇ 'ਚ ਸਰਕਾਰੀ ਹਾਈ ਸਕੂਲ ਮਨਸੂਰਦੇਵਾ ਦੀ ਝੰਡੀ

ਜ਼ੀਰਾ, 27 ਨਵੰਬਰ (ਹਰਜੀਤ ਸਿੰਘ ਗਿੱਲ)-ਭਾਸ਼ਾ ਵਿਭਾਗ ਪੰਜਾਬ ਵਲੋਂ ਪੰਜਾਬੀ ਮਾਹ ਨੂੰ ਸਮਰਪਿਤ ਰਾਜ ਪੱਧਰੀ ਪ੍ਰਸ਼ਨੋਤਰੀ ਮੁਕਾਬਲੇ ਸੈਕਰਡ ਹਾਰਟ ਸਕੂਲ ਮੋਗਾ ਵਿਖੇ ਕਰਵਾਏ ਗਏ। ਇਸ ਸਬੰਧ ਵਿਚ ਵਧੇਰੇ ਜਾਣਕਾਰੀ ਦਿੰਦਿਆਂ ਸਰਕਾਰੀ ਹਾਈ ਸਕੂਲ ਮਨਸੂਰਦੇਵਾ ਦੇ ਅਧਿਆਪਕ ਗੁਰਵਿੰਦਰ ਸਿੰਘ ਨੇ ਦੱਸਿਆ ਕਿ ਇਸ ਮੁਕਾਬਲੇ ਵਿਚ ਪੰਜਾਬ ਦੇ ਸਾਰੇ ਜ਼ਿਲ੍ਹਿਆਂ ਦੇ ਜੇਤੂ ਵਿਦਿਆਰਥੀਆਂ ਨੇ ਭਾਗ ਲਿਆ ਸੀ। ਇਸ ਦੌਰਾਨ ਸਰਕਾਰੀ ਹਾਈ ਸਕੂਲ ਮਨਸੂਰਦੇਵਾ ਦੀ ਜਸਦੀਪ ਕੌਰ (ਜਮਾਤ ਅੱਠਵੀਂ), ਫ਼ਿਰੋਜ਼ਪੁਰ ਜ਼ਿਲ੍ਹੇ ਵਿਚੋਂ ਜੇਤੂ, ਰਹਿਣ ਵਾਲੀ ਵਿਦਿਆਰਥਣ ਨੇ ਇਸ ਜ਼ਿਲ੍ਹੇ ਦੀ ਨੁਮਾਇੰਦਗੀ ਕਰਦੇ ਹੋਏ ਇਸ ਪ੍ਰਸ਼ਨੋਤਰੀ ਮੁਕਾਬਲੇ ਵਿਚ ਸਮੁੱਚੇ ਪੰਜਾਬ ਚੋਂ ਪਹਿਲਾ ਸਥਾਨ ਹਾਸਿਲ ਕੀਤਾ। ਇਸ ਵਿਦਿਆਰਥਣ ਨੂੰ ਪਹਿਲਾ ਸਥਾਨ ਹਾਸਿਲ ਕਰਨ 'ਤੇ ਭਾਸ਼ਾ ਵਿਭਾਗ ਪੰਜਾਬ ਵਲੋਂ ਸਰਟੀਫਿਕੇਟ, ਮੈਡਲ ਅਤੇ ਦੋ ਹਜ਼ਾਰ ਦੀ ਰਾਸ਼ੀ ਨਾਲ ਸਨਮਾਨਿਤ ਕੀਤਾ ਗਿਆ। ਇਸ ਵਿਦਿਆਰਥਣ ਦੇ ਸਕੂਲ ਪਹੁੰਚਣ 'ਤੇ ਸਕੂਲ ਦੇ ਮੁੱਖ ਅਧਿਆਪਕ ਅਰਵਿੰਦਰ ਸਿੰਘ ਗਿੱਲ ਨੇ ਵੀ ਇਸ ਬੱਚੀ ਨੂੰ ਸਨਮਾਨਿਤ ਕੀਤਾ ਅਤੇ ਇਸ ਬੱਚੀ ਦੇ ਗਾਈਡ ਅਧਿਆਪਕ ਜਗਜੀਤ ਸਿੰਘ ਅਤੇ ਮੈਡਮ ਕੁਲਵਿੰਦਰ ਕੌਰ ਦਾ ਵਿਸ਼ੇਸ਼ ਤੌਰ ,',,ਤੇ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਇਸ ਵਿਦਿਆਰਥਣ ਨੇ ਸੂਬੇ ਵਿਚੋਂ ਪਹਿਲਾ ਸਥਾਨ ਪ੍ਰਾਪਤ ਕਰਕੇ ਆਪਣੇ ਸਕੂਲ, ਮਾਪਿਆਂ ਅਤੇ ਫ਼ਿਰੋਜ਼ਪੁਰ ਜ਼ਿਲ੍ਹੇ ਦਾ ਨਾਮ ਰੌਸ਼ਨ ਕੀਤਾ ਹੈ। ਇਸ ਮੌਕੇ ਸਕੂਲ ਸਟਾਫ਼ ਵਿਚ ਗੁਰਵਿੰਦਰ ਸਿੰਘ, ਨੀਰਜ ਕੁਮਾਰ, ਨੀਲੂ ਬਾਲਾ, ਸਰਬਜੀਤ ਕੌਰ, ਪਰਮਜੀਤ ਕੌਰ, ਰੁਪਿੰਦਰਜੀਤ ਕੌਰ, ਅਮਨਦੀਪ ਕੌਰ, ਪ੍ਰੇਮਜੀਤ ਕੌਰ, ਰਾਜਵੀਰ ਕੌਰ ਅਤੇ ਸਿਮਰਪ੍ਰੀਤ ਕੌਰ ਆਦਿ ਹਾਜ਼ਰ ਸਨ।

ਮੁਫ਼ਤ ਮੈਡੀਕਲ ਕੈਂਪ ਦਾ ਰਿਬਨ ਕੱਟ ਕੇ ਉਦਘਾਟਨ ਕਰਦੇ ਹੋਏ ਸਤਿੰਦਰ ਸਚਦੇਵਾ ਤੇ ਰਜਿੰਦਰ ਕੁਮਾਰ ਦੂਆ ਆਦਿ ਪਤਵੰਤੇ। ਅਜੀਤ ਤਸਵੀਰ

ਅਮਨਦੀਪ ਹਸਪਤਾਲ ਤੇ ਭਾਰਤ ਵਿਕਾਸ ਪ੍ਰੀਸ਼ਦ ਵਲੋਂ ਮੁਫ਼ਤ ਮੈਡੀਕਲ ਕੈਂਪ

ਮੱਲਾਂਵਾਲਾ, 27 ਨਵੰਬਰ (ਗੁਰਦੇਵ ਸਿੰਘ)- ਅਮਨਦੀਪ ਹਸਪਤਾਲ ਅਤੇ ਭਾਰਤ ਵਿਕਾਸ ਪ੍ਰੀਸ਼ਦ ਵੱਲੋਂ ਡਾ: ਅਵਤਾਰ ਸਿੰਘ ਤੇ ਡਾ: ਅਮਨਦੀਪ ਕੌਰ ਦੀ ਅਗਵਾਈ ਹੇਠ ਅੱਜ ਮੱਲਾਂਵਾਲਾ ਵਿੱਚ ਮੁਫ਼ਤ ਮੈਡੀਕਲ ਕੈਂਪ ਲਗਾਇਆ ਗਿਆ। ਕੈਂਪ ਵਿਚ 190 ਤੋਂ ਵੱਧ ਮਰੀਜ਼ਾਂ ਦਾ ਕੰਨ, ਨੱਕ, ਗੱਲਾ ਦਾ ਚੈੱਕਅਪ ਕੀਤਾ ਗਿਆ। ਜਿਸ 'ਚ ਹੱਡੀਆਂ ਅਤੇ ਜੋੜਾਂ ਦੇ ਮਰੀਜ਼ ਵੱਡੀ ਗਿਣਤੀ ਵਿਚ ਪਹੁੰਚੇ। ਕੈਂਪ ਦਾ ਉਦਘਾਟਨ ਭਾਰਤ ਵਿਕਾਸ ਪ੍ਰੀਸ਼ਦ ਪੰਜਾਬ ਦੇ ਸਟੇਟ ਕੋਆਰਡੀਨੇਟਰ ਸਤਿੰਦਰ ਸਚਦੇਵਾ ਅਤੇ ਸਟੇਟ ਕਨਵੀਨਰ ਰਜਿੰਦਰ ਕੁਮਾਰ ਦੂਆ ਨੇ ਰਿਬਨ ਕੱਟ ਕੇ ਕੀਤਾ। ਕੈਂਪ ਨੂੰ ਸਫਲਤਾਪੂਰਵਕ ਨੇਪਰੇ ਚਾੜ੍ਹਨ ਲਈ ਭਾਰਤ ਵਿਕਾਸ ਪ੍ਰੀਸ਼ਦ ਮੱਲਾਂਵਾਲਾ ਇਕਾਈ ਦੇ ਪ੍ਰਧਾਨ ਰਵਿੰਦਰ ਕੁਮਾਰ ਸੇਠੀ, ਕੈਸ਼ੀਅਰ ਜਸਪਾਲ ਧਵਨ, ਪ੍ਰਿਤਪਾਲ ਸਿੰਘ ਕਪੂਰ (ਬਿੱਲਾ ਦੋਧੀ), ਮਾਸਟਰ ਹਰਭਜਨ ਸਿੰਘ ਜ਼ੀਰਾ, ਭਾਰਤ ਵਿਕਾਸ ਪ੍ਰੀਸ਼ਦ ਜ਼ੀਰਾ ਦੇ ਚੇਅਰਮੈਨ ਮੰਗਲ ਸਿੰਘ, ਮਹਿਲਾ ਵਿੰਗ ਦੀ ਪ੍ਰਧਾਨ ਆਸ਼ਾ ਸ਼ਰਮਾ, ਡਾ: ਸ਼ਾਮ ਲਾਲ ਕਟਾਰੀਆ, ਡਾ: ਕ੍ਰਿਸ਼ਨ ਕੁਮਾਰ ਮੌਂਗਾ, ਡਾ: ਦਲਜੀਤ ਸਿੰਘ, ਰਾਜੀਵ ਕੁਮਾਰ ਖੁਰਾਣਾ, ਮੁਖ਼ਤਿਆਰ ਸਿੰਘ ਖੋਖਰ, ਸੁਨੀਤਾ ਦੂਆ, ਸਿਟੀ ਪ੍ਰੈੱਸ ਕਲੱਬ ਸੁਖਵਿੰਦਰ ਸਿੰਘ, ਸੋਨੂੰ ਅਟਵਾਲ, ਡਾ. ਮਨਜੀਤ ਸਿੰਘ, ਡਾ. ਵਿਗਨੇਸ਼ ਏ.ਕੇ, ਗੁਰਪ੍ਰੀਤ ਸਿੰਘ, ਡਾ. ਤਰੁਣ ਬਹਿਲ, ਡਾ. ਪ੍ਰਦੀਪ ਮਿੱਤਲ ਆਦਿ ਪਤਵੰਤਿਆਂ ਤੋਂ ਇਲਾਵਾ ਅਮਨਦੀਪ ਹਸਪਤਾਲ ਦੀ ਟੀਮ ਨੇ ਬਾਖੂਬੀ ਜ਼ੁੰਮੇਵਾਰੀ ਨਿਭਾਈ।

ਮੀਟਿੰਗ ਦੌਰਾਨ ਸਰਕਾਰ ਵਿਰੁੱਧ ਨਾਅਰੇਬਾਜ਼ੀ ਕਰਦੇ ਹੋਏ ਕਿਸਾਨ ਆਗੂ। ਅਜੀਤ ਤਸਵੀਰ

ਕਿਸਾਨਾਂ ਦੁਆਰਾ ਠੇਕੇ 'ਤੇ ਲਈ ਜ਼ਮੀਨ ਤੇ ਨੁਕਸਾਨੇ ਗਏ ਘਰਾਂ ਦਾ ਮੁਆਵਜ਼ਾ ਜਾਰੀ ਕਰੇ ਸਰਕਾਰ- ਬੰਡਾਲਾ

ਮੱਲਾਂਵਾਲਾ, 27 ਨਵੰਬਰ (ਗੁਰਦੇਵ ਸਿੰਘ)- ਪੰਜਾਬ ਵਿਚ ਆਏ ਹੜ੍ਹਾਂ ਦੌਰਾਨ ਕਿਸਾਨਾਂ ਦੁਆਰਾ ਠੇਕੇ 'ਤੇ ਲਈ ਜ਼ਮੀਨ ਤੇ ਨੁਕਸਾਨੇ ਗਏ ਘਰਾਂ ਦਾ ਮੁਆਵਜ਼ਾ ਸਰਕਾਰ ਜਲਦ ਜਾਰੀ ਕਰੇ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਯੂਥ ਕਲੱਬ ਪ੍ਰਧਾਨ ਅਤੇ ਨੌਜਵਾਨ ਕਿਸਾਨ ਆਗੂ ਨਿਸ਼ਾਨਦੀਪ ਸਿੰਘ ਬੰਡਾਲਾ ਨੇ ਮੀਟਿੰਗ ਦੌਰਾਨ ਗੱਲਬਾਤ ਕਰਦਿਆਂ ਕਿਹਾ ਕਿ ਸਰਕਾਰ ਵਲੋਂ 20 ਹਜ਼ਾਰ ਪ੍ਰਤੀ ਏਕੜ ਮੁਆਵਜ਼ਾ ਜੋ ਕਿਸਾਨਾਂ ਦੇ ਖਾਤਿਆਂ ਵਿਚ ਪਾਇਆ ਹੈ। ਉਹ ਸਿਰਫ਼ ਪੰਜ ਏਕੜ ਤੱਕ ਪਾਇਆ ਗਿਆ ਹੈ, ਜੋ ਨਾਕਾਫ਼ੀ ਹੈ। ਉਨ੍ਹਾਂ ਕਿਹਾ ਕਿ ਇਹ ਮੁਆਵਜ਼ਾ ਵੱਧ ਜ਼ਮੀਨ ਵਾਲੇ ਕਿਸਾਨ ਜਾਂ ਜਿਨ੍ਹਾਂ ਨੇ ਠੇਕੇ 'ਤੇ ਜ਼ਮੀਨ ਲਈ ਹੈ, ਉਨ੍ਹਾਂ ਦਾ ਮੁਆਵਜ਼ਾ ਨਹੀਂ ਪਾਇਆ ਗਿਆ। ਕਿਸਾਨ ਆਗੂ ਨਿਸ਼ਾਨਦੀਪ ਸਿੰਘ ਬੰਡਾਲਾ ਨੇ ਕਿਹਾ ਕਿ ਸੰਨ 2023 'ਚ ਜਦੋਂ ਹੜ੍ਹ ਆਏ ਸਨ, ਉਦੋਂ ਕਿਸਾਨਾਂ ਨੇ ਉਸ ਸਮੇਂ ਵੀ ਪੂਰਾ ਸੰਘਰਸ਼ ਕਰਕੇ ਨੋਟੀਫ਼ਿਕੇਸ਼ਨ ਜਾਰੀ ਕਰਵਾ ਪੂਰਾ ਮੁਆਵਜ਼ਾ ਲਿਆ ਗਿਆ ਸੀ। ਸਰਕਾਰ ਵਿਰੁੱਧ ਨਾਅਰੇਬਾਜ਼ੀ ਕਰਦੇ ਹੋਏ ਕਿਸਾਨ ਆਗੂਆਂ ਨੇ ਕਿਹਾ ਕਿ ਠੇਕੇ 'ਤੇ ਲਈ ਜ਼ਮੀਨ, ਨੁਕਸਾਨੇ ਗਏ ਘਰਾਂ ਅਤੇ ਪੰਜ ਏਕੜ ਤੋਂ ਵੱਧ ਮੁਆਵਜ਼ੇ ਸਬੰਧੀ ਪ੍ਰਸ਼ਾਸਨ ਨਾਲ ਮਿਲ ਕੇ ਗੱਲਬਾਤ ਕੀਤੀ ਜਾਵੇਗੀ। ਜੇਕਰ ਫਿਰ ਵੀ ਮਸਲਾ ਹੱਲ ਨਹੀਂ ਹੁੰਦਾ ਤਾਂ ਜਥੇਬੰਦੀਆਂ ਨਾਲ ਵਿਚਾਰਾਂ ਸਾਂਝੀਆਂ ਕਰਕੇ ਅਗਲੀ ਰਣਨੀਤੀ ਬਣਾ ਸੰਘਰਸ਼ ਕੀਤਾ ਜਾਵੇਗਾ।

ਕੁਲਬੀਰ ਜ਼ੀਰਾ ਵਲੋਂ ਕੀਤੇ ਵਿਕਾਸ ਕਾਰਜਾਂ ਨੂੰ ਅੱਜ ਵੀ ਲੋਕ ਚੇਤੇ ਕਰਦੇ ਹਨ-ਸਭਰਾ/ਬਾਹਰ ਵਾਲੀ/ਵਟੂ ਭੱਟੀ

ਮੱਖੂ, 27 ਨਵੰਬਰ (ਕੁਲਵਿੰਦਰ ਸਿੰਘ ਸੰਧੂ)-ਸਰਕਾਰ ਵਲੋਂ ਧੱਕੇਸ਼ਾਹੀ ਨਾਲ ਸ੍ਰੀ ਤਰਨਤਾਰਨ ਸਾਹਿਬ ਦੀ ਜ਼ਿਮਨੀ ਚੋਣ ਜਿੱਤਣ ਨਾਲ ਕਾਂਗਰਸ ਪਾਰਟੀ ਪ੍ਰਤੀ ਲੋਕਾਂ ਦਾ ਪਿਆਰ ਘੱਟ ਨਹੀਂ ਹੋਇਆ। ਜਿੱਥੇ ਲੋਕ ਪੰਜਾਬ ਵਿਚ ਕਾਂਗਰਸ ਦੀ ਸਰਕਾਰ ਚਾਹੁੰਦੇ ਹਨ ਉੱਥੇ ਹੀ ਹਲਕਾ ਜ਼ੀਰਾ ਦੀ ਜਨਤਾ ਕੁਲਬੀਰ ਸਿੰਘ ਜ਼ੀਰਾ ਨੂੰ ਮੁੜ ਵਿਧਾਇਕ ਦੇ ਰੂਪ ਵਿਚ ਦੇਖਣਾ ਚਾਹੁੰਦੀ ਹੈ। ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਚੇਅਰਮੈਨ ਹਰਭਜਨ ਸਿੰਘ ਸਭਰਾ, ਸਾਬਕਾ ਸਰਪੰਚ ਮੇਹਰ ਸਿੰਘ ਬਾਹਰ ਵਾਲੀ ਚੇਅਰਮੈਨ ਪੰਚਾਇਤੀ ਰਾਜ ਸੰਗਠਨ ਜ਼ਿਲ੍ਹਾ ਫ਼ਿਰੋਜ਼ਪੁਰ ਅਤੇ ਯੂਥ ਆਗੂ ਜਸਕਰਨ ਸਿੰਘ ਭੁੱਲਰ ਵਟੂ ਭੱਟੀ ਨੇ ਅਜੀਤ ਪ੍ਰਤੀਨਿਧੀ ਨਾਲ ਸਾਂਝੇ ਕਰਦਿਆਂ ਕਿਹਾ ਕਿ ਹਲਕਾ ਜ਼ੀਰਾ ਵਿਚ ਕਾਂਗਰਸ ਸਰਕਾਰ ਸਮੇਂ ਸਾਬਕਾ ਵਿਧਾਇਕ ਕੁਲਬੀਰ ਸਿੰਘ ਜ਼ੀਰਾ ਜ਼ਿਲ੍ਹਾ ਪ੍ਰਧਾਨ ਕਾਂਗਰਸ ਕਮੇਟੀ ਫ਼ਿਰੋਜ਼ਪੁਰ ਵਲੋਂ ਕੀਤੇ ਗਏ ਵਿਕਾਸ ਕਾਰਜਾਂ ਨੂੰ ਅੱਜ ਵੀ ਲੋਕ ਚੇਤੇ ਕਰਦੇ ਹਨ। ਉਨ੍ਹਾਂ ਕਿਹਾ ਕਿ ਗਿੱਦੜਵਿੰਡੀ ਵਾਲੇ ਪੁਲ ਤੋਂ ਲੈ ਕੇ ਇਤਿਹਾਸਿਕ ਨਗਰ ਤੱਕ ਤੁਸੀਂ ਬੰਨ੍ਹ ਦੇ ਉੱਤੇ ਬਣਾਈ ਸੜਕ ਦੇ ਕਾਰਨ ਹੀ ਇਸ ਵਾਰ ਇਹ ਇਲਾਕਾ ਹੜ੍ਹਾਂ ਦੀ ਮਾਰ ਤੋਂ ਬਚ ਸਕਿਆ ਹੈ ਅਤੇ ਕੁਲਬੀਰ ਸਿੰਘ ਜ਼ੀਰਾ ਵਲੋਂ ਹਲਕਾ ਜ਼ੀਰਾ ਦੇ ਪਿੰਡਾਂ ਵਿਚ ਕੀਤੇ ਗਏ ਵਿਕਾਸ ਅੱਜ ਵੀ ਮੂੰਹੋਂ ਬੋਲਦੇ ਹਨ। ਉਨ੍ਹਾਂ ਕਿਹਾ ਕਿ ਜ਼ੀਰਾ ਪਰਿਵਾਰ ਆਪਣੇ ਵਰਕਰਾਂ ਨੂੰ ਹਮੇਸ਼ਾ ਆਪਣਾ ਪਰਿਵਾਰ ਹੀ ਮੰਨਦਾ ਹੈ। ਜੇਕਰ ਉਨ੍ਹਾਂ ਨੂੰ ਛੱਡ ਕੇ ਕੋਈ ਦੂਸ